15ਵੀਂ ਵਿਧਾਨ ਸਭਾ
ਗਿਆਰਵਾਂ ਸਮਾਗਮ, 2020

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

ਮੰਗਲਵਾਰ, 25 ਫਰਵਰੀ, 2020
10.00 ਵਜੇ ਸਵੇਰੇ

---

## I. ਪ੍ਰਸ਼ਨ

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

## II. ਧਿਆਨ ਦਿਵਾਊ ਨੋਟਿਸ

1. **ਸਰਦਾਰ ਨਵਤੇਜ ਸਿੰਘ ਚੀਮਾ, ਐਮ.ਐਲ.ਏ:-** ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਸਿਵਲ ਹਸਪਤਾਲ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਵਿਖੇ ਡਾਕਟਰਾਂ ਅਤੇ ਸਬੰਧਤ ਅਮਲੇ ਦੀ ਘਾਟ ਵੱਲ ਦਿਵਾਉਣਗੇ।

(ਨੰ: 16)

2. (i) **ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ.**
   (ii) **ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ** ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਰਾਜ ਵਿੱਚ ਕੁੱਤਿਆਂ ਦੁਆਰਾ ਕੱਟੇ ਗਏ ਮਰੀਜ਼ਾਂ ਦੇ ਮੁਕੰਮਲ ਅਤੇ ਸਸਤੇ ਇਲਾਜ਼ ਦੀ ਉਪਲਬਧਤਾ ਨਾ ਹੋਣ ਵੱਲ ਦਿਵਾਉਣਗੇ।

(ਨੰ: 27)

3. (i) **ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, ਐਮ.ਐਲ.ਏ.**
   (ii) **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.** ਸਥਾਨਕ ਸਰਕਾਰ ਮੰਤਰੀ ਦਾ ਧਿਆਨ ਬਰਨਾਲਾ ਅਤੇ ਰਾਜ ਦੇ ਦੂਜੇ ਸ਼ਹਿਰਾਂ ਵਿੱਚ ਪਾਣੀ ਦੀ ਸਪਲਾਈ ਦੀਆਂ ਪੁਰਾਣੀਆਂ ਅਤੇ ਜਰਜਰੀਆਂ ਪਾਈਪਾਂ ਦੀ ਲੀਕੇਜ ਵੱਲ ਦਿਵਾਉਣਗੇ।

(ਨੰ: 31)

## III. ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਪੇਸ਼ ਕਰਨਾ

| | | |
|---|---|---|
| i) | ਸਪੀਕਰ | ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਪੇਸ਼ ਕਰਨਗੇ। |
| ii) | ਕਮੇਟੀ ਦਾ ਇੱਕ ਮੈਂਬਰ | ਪ੍ਰਸਤਾਵ ਕਰੇਗਾ ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਵਿੱਚ ਦਰਜ਼ ਸਿਫਾਰਸ਼ਾਂ ਨਾਲ ਸਹਿਮਤ ਹੈ। |

## IV. ਰਿਪੋਰਟ ਪੇਸ਼ ਕਰਨੀ

| | |
|---|---|
| ਸਰਕਾਰੀ ਕਾਰੋਬਾਰ ਕਮੇਟੀ ਦਾ ਸਭਾਪਤੀ | ਸਾਲ 2019-20 ਲਈ ਪੰਜਾਬ ਊਰਜਾ ਵਿਕਾਸ ਏਜੰਸੀ (ਪੀ.ਈ.ਡੀ.ਏ) ਦੀ ਆਮ ਕੰਮ-ਕਾਰ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 118ਵੀਂ ਰਿਪੋਰਟ ਪੇਸ਼ ਕਰਨਗੇ। |

ਨਿ ਕੋ 24.2.20
Superintendent
Punjab Vidhan Sabha
Chandigarh

ਪਰਤੋਂ ਜੀ.....

**V. <u>ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ ਆਰੰਭ ਕਰਨਾ</u>**

ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ. ਵਲੋਂ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਜਿਸਦੀ ਡਾਕਟਰ ਰਾਜ ਕੁਮਾਰ ਚੱਬੇਵਾਲ ਐਮ.ਐਲ.ਏ ਵਲੋਂ 24 ਫਰਵਰੀ, 2020 ਨੂੰ ਪ੍ਰੋੜਤਾ ਕੀਤੀ ਗਈ, ਨੂੰ ਹੋਰ ਵਿਚਾਰਨ ਲਈ:-

"ਪ੍ਰਸਤਾਵ ਕਰਨਗੇ ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇ:-

ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਹਨਾਂ ਨੇ 16 ਜਨਵਰੀ, 2020 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ਚੰਡੀਗੜ੍ਹ;
24 ਫਰਵਰੀ, 2020

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

ਗੱਲੈ ੨੫.੨.੨੦

Superintendent
Punjab Vidhan Sabha
Chandigarh